◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
हर ख़बर, हर शहर

ਨੀਡ 24 ਨਿਊਜ਼

ਹਰ ਖ਼ਬਰ, ਹਰ ਸ਼ਹਿਰ

◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION
UNDER PROCESS
Application No.
T/GJ/2026/0619/2304/1577

GST
GSTIN
24CINPG0564Q1ZT

UDYAM REGISTERED
UDYAM-GJ-14-0003714

◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily

ਸਾਡੀ App ਡਾਊਨਲੋਡ ਕਰੋ
Download on the App Store
GET IT ON Google Play

www.need24.digital
info@need24.in
+91 98700 06472
FOLLOW US:

तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

PUNJAB | ਨੀਡ 24 ਨਿਊਜ਼ · ਹਰ ਖ਼ਬਰ, ਹਰ ਸ਼ਹਿਰ | 19 November 2026

ਐੱਸ.ਐੱਸ.ਪੀ. ਤਰਨ ਤਾਰਨ ਵੱਲੋਂ ਥਾਣਾ ਖਾਲੜਾ ਤਰਨ ਤਾਰਨ ਦੀ ਅਚਨਚੇਤ ਚੈਕਿੰਗ



ਤਰਨ ਤਾਰਨ 18 ਨਵੰਬਰ (ਪ੍ਰਕਾਸ਼ ਸਿੰਘ) ਐੱਸ.ਐੱਸ.ਪੀ. ਤਰਨ ਤਾਰਨ ਵੱਲੋਂ ਥਾਣਾ ਖਾਲੜਾ ਦੀ ਅਚਨਚੇਤ ਚੈਕਿੰਗ ਕਰਕੇ ਥਾਣੇ ਦੇ ਕੰਮਕਾਜ, ਪੁਲਿਸ ਪ੍ਰਬੰਧਾਂ ਅਤੇ ਰਿਕਾਰਡ ਦੀ ਜਾਂਚ ਕੀਤੀ ਗਈ। ਇਸ ਮੌਕੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਅਤੇ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੇ ਨਿਰਦੇਸ਼ ਦਿੱਤੇ ਗਏ।

— Parkash singh

CRIME

ਦਿਨ-ਦਿਹਾੜੇ 30 ਕਰੋੜ ਦੀ ਵੱਡੀ ਡਕੈਤੀ: ਲੁਟੇਰਿਆਂ ਨੇ ਸਾਫ਼ ਕਰ''ਤਾ ''ਸੇਨਕੋ ਗੋਲਡ'' ਸ਼ੋਅਰੂਮ



ਦਿਨ-ਦਿਹਾੜੇ 30 ਕਰੋੜ ਦੀ ਵੱਡੀ ਡਕੈਤੀ: ਲੁਟੇਰਿਆਂ ਨੇ ਸਾਫ਼ ਕਰ"ਤਾ "ਸੇਨਕੋ ਗੋਲਡ" ਸ਼ੋਅਰੂਮ

Wednesday, Nov 18, 2026 - 07:35 PM

।

ਬੇਤੀਆ : ਬਿਹਾਰ ਦੇ ਬੇਤੀਆ ਸ਼ਹਿਰ ਵਿੱਚ ਬੁੱਧਵਾਰ ਦੁਪਹਿਰ ਨੂੰ ਹਥਿਆਰਬੰਦ ਲੁਟੇਰਿਆਂ ਨੇ ਦਿਨ-ਦਿਹਾੜੇ 30 ਕਰੋੜ ਰੁਪਏ ਤੋਂ ਵੱਧ ਦੀ ਵੱਡੀ ਡਕੈਤੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਸ਼ਹਿਰ ਦੇ ਸਭ ਤੋਂ ਭੀੜ-ਭੜੱਕੇ ਵਾਲੇ ਇਲਾਕੇ ਸੁਪਰੀਆ ਸਿਨੇਮਾ ਰੋਡ ਸਥਿਤ 'ਸੇਨਕੋ ਗੋਲਡ ਐਂਡ ਡਾਇਮੰਡ' ਸ਼ੋਅਰੂਮ ਵਿੱਚ ਦਾਖ਼ਲ ਹੋਏ ਕਰੀਬ 8 ਤੋਂ 9 ਹਥਿਆਰਬੰਦ ਬਦਮਾਸ਼ਾਂ ਨੇ ਮੁਲਾਜ਼ਮਾਂ ਨੂੰ ਬੰਧਕ ਬਣਾ ਕੇ ਦੋਵਾਂ ਮੰਜ਼ਿਲਾਂ ਤੋਂ ਸੋਨਾ, ਚਾਂਦੀ ਅਤੇ ਹੀਰੇ ਦੇ ਗਹਿਣੇ ਲੁੱਟ ਲਏ। ਇਹ ਪੂਰੀ ਵਾਰਦਾਤ ਸ਼ੋਅਰੂਮ ਵਿੱਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਵਿੱਚ ਕੈਦ ਹੋ ਗਈ ਹੈ।

ਪੁਲਸ ਅਨੁਸਾਰ, ਸ਼ੋਅਰੂਮ ਵਿੱਚ ਦਾਖ਼ਲ ਹੁੰਦਿਆਂ ਹੀ ਬਦਮਾਸ਼ਾਂ ਨੇ ਹਥਿਆਰਾਂ ਦੇ ਜ਼ੋਰ 'ਤੇ ਸਾਰੇ ਸਟਾਫ਼ ਨੂੰ ਬੰਧਕ ਬਣਾ ਲਿਆ। ਇਸ ਦੌਰਾਨ ਜਿਸ ਕਿਸੇ ਨੇ ਵੀ ਵਿਰੋਧ ਕਰਨ ਦੀ ਕੋਸ਼ਿਸ਼ ਕੀਤੀ, ਲੁਟੇਰਿਆਂ ਨੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਬਦਮਾਸ਼ਾਂ ਨੇ ਉੱਥੇ ਤਾਇਨਾਤ ਸੁਰੱਖਿਆ ਗਾਰਡ ਦੇ ਸਿਰ 'ਤੇ ਪਿਸਤੌਲ ਦੇ ਬੱਟ ਨਾਲ ਹਮਲਾ ਕਰਕੇ ਉਸ ਨੂੰ ਲਹੂ-ਲੁਹਾਣ ਕਰ ਦਿੱਤਾ। ਲੁਟੇਰੇ ਬੇਖ਼ੌਫ਼ ਹੋ ਕੇ ਹਥਿਆਰ ਲਹਿਰਾਉਂਦੇ ਹੋਏ ਮੌਕੇ ਤੋਂ ਫ਼ਰਾਰ ਹੋ ਗਏ।

ਸ਼ਹਿਰ ਦੇ ਮੁੱਖ ਬਾਜ਼ਾਰ ਵਿੱਚ ਦਿਨ-ਦਿਹਾੜੇ ਹੋਈ ਇਸ ਵੱਡੀ ਲੁੱਟ ਕਾਰਨ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ ਅਤੇ ਕਾਨੂੰਨ ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਘਟਨਾ ਦੀ ਸੂਚਨਾ ਮਿਲਦਿਆਂ ਹੀ ਡੀ.ਆਈ.ਜੀ. ਦੀ ਅਗਵਾਈ ਹੇਠ ਐੱਸ.ਪੀ., ਡੀ.ਐੱਸ.ਪੀ. ਸਮੇਤ ਜ਼ਿਲ੍ਹੇ ਦੇ ਉੱਚ ਪੁਲਸ ਅਧਿਕਾਰੀ ਮੌਕੇ 'ਤੇ ਪਹੁੰਚੇ।

ਪੁਲਸ ਨੇ ਸੀ.ਸੀ.ਟੀ.ਵੀ. ਫੁਟੇਜ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਦੂਜੇ ਪਾਸੇ, ਲੁੱਟੇ ਗਏ ਗਹਿਣਿਆਂ ਦੀ ਸਹੀ ਕੀਮਤ ਦਾ ਅੰਦਾਜ਼ਾ ਲਗਾਉਣ ਲਈ ਸ਼ੋਅਰੂਮ ਮਾਲਕ ਵੱਲੋਂ ਸਟਾਕ ਦਾ ਮਿਲਾਨ ਕੀਤਾ ਜਾ ਰਿਹਾ ਹੈ, ਪਰ ਮੁੱਢਲੇ ਤੌਰ 'ਤੇ ਇਹ ਲੁੱਟ 30 ਕਰੋੜ ਰੁਪਏ ਤੋਂ ਵੱਧ ਦੀ ਦੱਸੀ ਜਾ ਰਹੀ ਹੈ।

— Shamsher Singh

DEFENCE

ਫਿਰ ਸਜੇਗੀ ਟੋਪੀ ਤੇ ਡੋਰੀ ਦੀ ਸ਼ਾਨ: ਫ਼ੌਜ ਨੇ ਪਲਟਿਆ ਤਿੰਨ ਸਾਲ ਪੁਰਾਣਾ ਫ਼ਰਮਾਨ, ਜਰਨੈਲਾਂ ਨੂੰ ਮੁੜ ਮਿਲੇ 'ਰੈਜੀਮੈਂਟਲ ਰੰਗ'।



ਫਿਰ ਸਜੇਗੀ ਟੋਪੀ ਤੇ ਡੋਰੀ ਦੀ ਸ਼ਾਨ: ਫ਼ੌਜ ਨੇ ਪਲਟਿਆ ਤਿੰਨ ਸਾਲ ਪੁਰਾਣਾ ਫ਼ਰਮਾਨ, ਜਰਨੈਲਾਂ ਨੂੰ ਮੁੜ ਮਿਲੇ 'ਰੈਜੀਮੈਂਟਲ ਰੰਗ'।

18 nov,2026,ਭਾਰਤੀ ਫ਼ੌਜ ਨੇ ਆਪਣੇ ਸੀਨੀਅਰ ਅਧਿਕਾਰੀਆਂ ਨੂੰ ਇਕੋ ਜਿਹੀ ਸਾਂਝੀ ਵਰਦੀ ਪਹਿਨਣ ਅਤੇ ਰੈਜੀਮੈਂਟਲ ਪਛਾਣ ਵਾਲੇ ਚਿੰਨ੍ਹ ਹਟਾਉਣ ਸਬੰਧੀ ਤਿੰਨ ਸਾਲ ਪਹਿਲਾਂ ਜਾਰੀ ਕੀਤੇ ਹੁਕਮਾਂ ਨੂੰ ਪਲਟ ਦਿੱਤਾ ਹੈ। ਇਸ ਨਵੇਂ ਫ਼ੈਸਲੇ ਨਾਲ ਫ਼ੌਜ ਦੇ ਉੱਚ ਅਧਿਕਾਰੀ ਹੁਣ ਮੁੜ ਆਪਣੀ ਮੂਲ ਰੈਜੀਮੈਂਟ ਦੇ ਰੰਗਾਂ ਅਤੇ ਚਿੰਨ੍ਹਾਂ ਵਾਲੀ ਵਰਦੀ ਸਜਾ ਸਕਣਗੇ। 13 ਨਵੰਬਰ ਨੂੰ 'ਬ੍ਰਿਗੇਡੀਅਰ ਅਤੇ ਇਸ ਤੋਂ ਉੱਚ ਰੈਂਕ ਦੇ ਅਧਿਕਾਰੀਆਂ ਦੀ ਵਰਦੀ' ਸਿਰਲੇਖ ਹੇਠ ਜਾਰੀ ਕੀਤੇ ਗਏ ਤਾਜ਼ਾ ਪੱਤਰ ਰਾਹੀਂ 2023 ਦੇ ਉਸ ਨਿਰਦੇਸ਼ ਨੂੰ ਰੱਦ ਕਰ ਦਿੱਤਾ ਗਿਆ ਹੈ, ਜਿਸ ਤਹਿਤ ਬ੍ਰਿਗੇਡੀਅਰ, ਮੇਜਰ ਜਨਰਲ, ਲੈਫਟੀਨੈਂਟ ਜਨਰਲ ਅਤੇ ਫ਼ੌਜ ਮੁਖੀ ਨੂੰ ਆਪਣੀ ਬਰਾਂਚ ਜਾਂ ਰੈਜੀਮੈਂਟ ਨਾਲ ਸਬੰਧਤ ਖ਼ਾਸ ਚਿੰਨ੍ਹ ਲਗਾਉਣ ਤੋਂ ਰੋਕ ਦਿੱਤਾ ਗਿਆ ਸੀ।

ਸਾਲ 2023 ਵਿੱਚ ਤਤਕਾਲੀ ਫ਼ੌਜ ਮੁਖੀ ਜਨਰਲ ਮਨੋਜ ਪਾਂਡੇ ਦੀ ਪ੍ਰਧਾਨਗੀ ਹੇਠ ਹੋਈ ਆਰਮੀ ਕਮਾਂਡਰਜ਼ ਕਾਨਫਰੰਸ ਦੌਰਾਨ ਸਾਂਝੀ ਵਰਦੀ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਗਈ ਸੀ, ਜਿਸ ਨੂੰ ਅਗਸਤ 2023 ਤੋਂ ਲਾਗੂ ਕੀਤਾ ਗਿਆ ਸੀ। ਇਸ ਤਹਿਤ ਸੀਨੀਅਰ ਅਧਿਕਾਰੀਆਂ ਲਈ ਗੂੜ੍ਹੇ ਹਰੇ ਰੰਗ ਦੀ ਸਾਂਝੀ ਬੈਰੇਟ (ਟੋਪੀ), ਇਕੋ ਜਿਹੀ ਬੈਲਟ ਅਤੇ ਮੋਢੇ 'ਤੇ ਪਿੱਤਲ ਦੇ ਰੈਂਕ ਬੈਜ ਲਾਜ਼ਮੀ ਕਰ ਦਿੱਤੇ ਗਏ ਸਨ, ਜਦੋਂ ਕਿ ਮੋਢੇ ਦੀ ਡੋਰੀ (ਲੈਨਯਾਰਡ) ਖ਼ਤਮ ਕਰਕੇ ਕਾਲੇ ਬੂਟ ਜ਼ਰੂਰੀ ਕੀਤੇ ਗਏ ਸਨ। ਇਸ ਪਿੱਛੇ ਸਿਖਰਲੀ ਲੀਡਰਸ਼ਿਪ ਵਿੱਚ ਸਾਂਝੀ ਪਛਾਣ ਦਿਖਾਉਣ ਦਾ ਤਰਕ ਦਿੱਤਾ ਗਿਆ ਸੀ, ਜਿਸ ਕਾਰਨ ਜਨਰਲਾਂ ਦੀ ਵਰਦੀ ਦੇਖ ਕੇ ਇਹ ਪਛਾਣਨਾ ਮੁਸ਼ਕਲ ਹੋ ਗਿਆ ਸੀ ਕਿ ਉਹ ਇਨਫੈਂਟਰੀ, ਆਰਮਰਡ ਕੋਰ ਜਾਂ ਸਪੈਸ਼ਲ ਫੋਰਸਿਜ਼ ਵਿੱਚੋਂ ਕਿਸ ਨਾਲ ਸਬੰਧਤ ਹਨ। ਤਾਜ਼ਾ ਤਬਦੀਲੀਆਂ ਨਾਲ ਪੁਰਾਣੀ ਰਵਾਇਤ ਮੁੜ ਸੁਰਜੀਤ ਹੋ ਗਈ ਹੈ। ਹੁਣ ਗੋਰਖਾ ਰਾਈਫਲਜ਼ ਨਾਲ ਸਬੰਧਤ ਜਨਰਲ ਮੁੜ ਆਪਣੀ ਪਛਾਣ ਵਾਲੀਆਂ ਟੇਢੀਆਂ ਹੈਟਾਂ (ਟੋਪੀਆਂ) ਪਹਿਨ ਸਕਣਗੇ, ਸਪੈਸ਼ਲ ਫੋਰਸਿਜ਼ ਦੇ ਅਧਿਕਾਰੀ 'ਮਰੂਨ' (ਗੂੜ੍ਹੇ ਲਾਲ) ਰੰਗ ਦੀ ਬੈਰੇਟ ਅਤੇ ਆਰਮਰਡ ਰੈਜੀਮੈਂਟਾਂ ਦੇ ਸੀਨੀਅਰ ਅਫ਼ਸਰ 'ਕਾਲੇ ਰੰਗ' ਦੀ ਬੈਰੇਟ ਸਜਾ ਸਕਣਗੇ। ਫ਼ੌਜ ਦੇ ਪੱਤਰ ਅਨੁਸਾਰ ਵੱਖ-ਵੱਖ ਹਲਕਿਆਂ ਤੋਂ ਮਿਲੇ ਸੁਝਾਵਾਂ ਦੇ ਆਧਾਰ 'ਤੇ ਬ੍ਰਿਗੇਡੀਅਰ ਅਤੇ ਉਸ ਤੋਂ ਉੱਚ ਰੈਂਕ ਦੇ ਅਧਿਕਾਰੀਆਂ ਦੀ ਵਰਦੀ ਸਬੰਧੀ ਹਦਾਇਤਾਂ ਦੀ ਵਿਆਪਕ ਸਮੀਖਿਆ ਕਰਨ ਮਗਰੋਂ ਇਹ ਫ਼ੈਸਲਾ ਲਿਆ ਗਿਆ ਹੈ।

— Shamsher Singh

ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਤੇ ਦੁਕਾਨਾਂ ਦੇ ਬਾਹਰ ਕੀਤੇ ਨਾਜਾਇਜ਼ ਕਬਜ਼ਿਆਂ ਕਾਰਨ ਲੋਕਾਂ ਨੂੰ ਆਵਾਜਾਈ 'ਚ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਨਗਰ ਕੌਂਸਲ ਵੱਲੋਂ ਕਬਜ਼ਾਧਾਰੀਆਂ ਨੂੰ ਆਪਣੇ ਕਬਜ਼ੇ ਖੁਦ ਹਟਾਉਣ ਲਈ ਦੋ ਦਿਨਾਂ ਦਾ ਸਮਾਂ ਦਿੱਤਾ ਗਿਆ ਹੈ, ਜਦਕਿ ਅਗਲੇ ਹਫ਼ਤੇ ਤੋਂ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਈਓ ਵਿਕਾਸ ਉਪਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਉਹ ਨਗਰ ਕੌਂਸਲ ਰਾਏਕੋਟ ਵਿਖੇ ਤਾਇਨਾਤ ਸਨ। ਮੋਰਿੰਡਾ ਵਿਚਕਾਰਜਭਾਰ ਸੰਭਾਲਣ ਤੋਂ ਬਾਅਦ ਉਨ੍ਹਾਂ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ 'ਚ ਨਾਜਾਇਜ਼ ਕਬਜ਼ਿਆਂ ਦੀ ਸਥਿਤੀ ਦਾ ਜਾਇਜ਼ਾ ਲਿਆ ਹੈ।

ਉਨ੍ਹਾਂ ਕਿਹਾ ਕਿ ਦੁਕਾਨਦਾਰਾਂ ਅਤੇ ਹੋਰ ਲੋਕਾਂ ਵੱਲੋਂ ਸੜਕਾਂ ਤੇ ਜਨਤਕ ਥਾਵਾਂ ਉੱਤੇ ਸਮਾਨ ਰੱਖਣ ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ। ਇਸ ਲਈ ਲੋਕਾਂ ਨੂੰ ਪਹਿਲਾਂ ਆਪਣੇ ਪੱਧਰ 'ਤੇ ਕਬਜ਼ੇ ਹਟਾਉਣ ਲਈ ਸਮਝਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਲੋਕਾਂ ਵੱਲੋਂ ਨਾਜਾਇਜ਼ ਕਬਜ਼ੇ ਨਾ ਹਟਾਏ ਗਏ ਤਾਂ ਸੋਮਵਾਰ ਤੋਂ ਨਗਰ ਕੌਂਸਲ ਦੀ ਟੀਮ ਕਾਰਵਾਈ ਸ਼ੁਰੂ ਕਰੇਗੀ। ਈਓ ਨੇ ਕਿਹਾ ਕਿ ਜੇਕਰ ਯੈਲੋ ਲਾਈਨ ਮਿਟ ਗਈ ਹੈ ਤਾਂ ਇਸ ਨੂੰ ਦੁਬਾਰਾ ਲਗਾਇਆ ਜਾਵੇਗਾ ਅਤੇ ਲੋਕਾਂ ਨੂੰ ਨਿਯਮਾਂ ਦੀ ਪਾਲਣਾ ਕਰਨ ਲਈ ਕਿਹਾ ਜਾਵੇਗਾ।

— Shamsher Singh

ਬਹੁਤ ਸਾਰੇ ਮਰਦ ਵਿਆਹ ਤੋਂ ਬਾਅਦ ਵਿਆਹੁਤਾ ਜਬਰ ਜਨਾਹ ਸ਼ਬਦ ਨੂੰ ਸਵੀਕਾਰ ਨਹੀਂ ਕਰਦੇ ਅਤੇ ਆਪਣੇ ਆਪ ਨੂੰ ਇੱਕ ਔਰਤ ਦੇ ਸਰੀਰ 'ਤੇ ਹੋਰ ਵੀ ਜ਼ਿਆਦਾ ਅਧਿਕਾਰ ਸਮਝਦੇ ਹਨ।

ਇੱਕ ਪਤੀ ਆਪਣੀ ਪਤਨੀ ਨਾਲ ਉਸਦੀ ਸਹਿਮਤੀ ਤੋਂ ਬਿਨਾਂ ਸਰੀਰਕ ਸੰਬੰਧ ਬਣਾਉਂਦਾ ਹੈ, ਉਸਨੂੰ ਪੀੜਤ ਦੀ ਸ਼੍ਰੇਣੀ ਵਿੱਚ ਪਾਉਂਦਾ ਹੈ।

ਜਸਟਿਸ ਜੋਇਮਲਿਆ ਬਾਗਚੀ ਨੇ ਸਤੰਬਰ 2026 ਵਿੱਚ ਇੱਕ ਸੁਣਵਾਈ ਦੌਰਾਨ ਕਿਹਾ ਸੀ, 'ਜੇਕਰ ਕਿਸੇ ਔਰਤ ਨੂੰ ਉਸਦੇ ਪਤੀ ਦੁਆਰਾ ਸਰੀਰਕ ਸੰਬੰਧ ਬਣਾਉਣ ਲਈ ਮਜਬੂਰ ਕੀਤਾ ਜਾਂਦਾ ਹੈ, ਤਾਂ ਉਹ ਔਰਤ ਯਕੀਨੀ ਤੌਰ 'ਤੇ ਪੀੜਤ ਹੈ।'ਵਿਆਹੁਤਾ ਜਬਰ ਜਨਾਹ ਮਾਮਲੇ ਦੀ ਸੁਣਵਾਈ ਕਰੇਗਾ ਸੁਪਰੀਮ ਕੋਰਟਵਿਆਹੁਤਾ ਜਬਰ ਜਨਾਹ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਤੇ ਇਹ ਫੈਸਲਾ ਕਰਨ ਲਈ ਕਿ ਜੇਕਰ ਕਿਸੇ ਔਰਤ ਨਾਲ ਅਜਿਹਾ ਕੁਝ ਵਾਪਰਦਾ ਹੈ ਤਾਂ ਕੀ ਢੁਕਵੀਂ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਸੁਪਰੀਮ ਕੋਰਟ ਅੱਜ, ਬੁੱਧਵਾਰ, 18 ਨਵੰਬਰ ਤੋਂ ਅਜਿਹੇ ਮਾਮਲਿਆਂ ਨਾਲ ਸਬੰਧਤ 10 ਪਟੀਸ਼ਨਾਂ 'ਤੇ ਸੁਣਵਾਈ ਕਰ ਰਿਹਾ ਹੈ।


ਭਾਰਤੀ ਅਪਰਾਧਿਕ ਕਾਨੂੰਨ ਦੇ ਤਹਿਤ, ਕਿਸੇ ਔਰਤ ਦੇ ਵਿਰੁੱਧ ਜ਼ਬਰਦਸਤੀ ਜਿਨਸੀ ਸੰਬੰਧ ਬਣਾਉਣ ਦੇ ਕਿਸੇ ਵੀ ਕੰਮ ਨੂੰ ਬਲਾਤਕਾਰ ਮੰਨਿਆ ਜਾਂਦਾ ਹੈ। ਹਾਲਾਂਕਿ, ਜੇਕਰ ਔਰਤ ਵਿਆਹੀ ਹੋਈ ਹੈ ਅਤੇ 18 ਸਾਲ ਤੋਂ ਵੱਧ ਉਮਰ ਦੀ ਹੈ ਅਤੇ ਉਸਦੇ ਪਤੀ ਦੁਆਰਾ ਜ਼ਬਰਦਸਤੀ ਜਿਨਸੀ ਸ਼ੋਸ਼ਣ ਕੀਤਾ ਜਾਂਦਾ ਹੈ, ਤਾਂ ਇਸਨੂੰ ਬਲਾਤਕਾਰ ਨਹੀਂ ਮੰਨਿਆ ਜਾਂਦਾ।

ਸੁਪਰੀਮ ਕੋਰਟ ਵਿੱਚ ਇਨ੍ਹਾਂ ਮਾਮਲਿਆਂ ਦੀ ਸੁਣਵਾਈ ਤੋਂ ਬਾਅਦ, ਇਹ ਫੈਸਲਾ ਕੀਤਾ ਜਾਵੇਗਾ ਕਿ ਕੀ ਵਿਆਹੀਆਂ ਔਰਤਾਂ ਨੂੰ ਅਣਵਿਆਹੀਆਂ ਔਰਤਾਂ ਵਾਂਗ ਜਿਨਸੀ ਹਿੰਸਾ ਵਿਰੁੱਧ ਕਾਨੂੰਨੀ ਸੁਰੱਖਿਆ ਮਿਲੇਗੀ।

— Shamsher Singh

CRIME

ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਹੋਵੇਗੀ ਕਾਰਵਾਈ, ਸਾਮਾਨ ਜ਼ਬਤ ਕਰਨ ਦੀ ਚਿਤਾਵਨੀ ਦਿੱਤੀ ਚਿਤਾਵਨੀ।



ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਹੋਵੇਗੀ ਕਾਰਵਾਈ, ਸਾਮਾਨ ਜ਼ਬਤ ਕਰਨ ਦੀ ਚਿਤਾਵਨੀ ਦਿੱਤੀ ਚਿਤਾਵਨੀ।

18 nov,2026,Need24, ਮੋਰਿੰਡਾ: ਮੋਰਿੰਡਾ ਨਗਰ ਕੌਂਸਲ ਦੇ ਨਵੇਂ ਕਾਰਜਕਾਰੀ ਅਧਿਕਾਰੀ (ਈਓ) ਵਿਕਾਸ ਉਪਲ ਨੇ ਅੱਜ ਆਪਣਾ ਕਾਰਜਭਾਰ ਸੰਭਾਲਣ ਉਪਰੰਤ ਪ੍ਰੈੱਸ ਕਾਨਫਰੰਸ ਕਰਦਿਆਂ ਸ਼ਹਿਰ ਵਾਸੀਆਂ ਨੂੰ ਨਾਜਾਇਜ਼ ਕਬਜ਼ੇ ਹਟਾਉਣ ਦੀ ਅਪੀਲ ਕੀਤੀ।

LIFESTYLE

ਵਿਆਹ ਤੋਂ ਬਾਅਦ ਪਤਨੀ ਨਾਲ ਜ਼ਬਰਦਸਤੀ ਜਿਨਸੀ ਸਬੰਧ ਬਣਾਉਣਾ ਅਪਰਾਧ ਹੈ ਜਾਂ ਨਹੀਂ? ਤੈਅ ਕਰੇਗਾ ਸੁਪਰੀਮ ਕੋਰਟ।



ਵਿਆਹ ਤੋਂ ਬਾਅਦ ਪਤਨੀ ਨਾਲ ਜ਼ਬਰਦਸਤੀ ਜਿਨਸੀ ਸਬੰਧ ਬਣਾਉਣਾ ਅਪਰਾਧ ਹੈ ਜਾਂ ਨਹੀਂ? ਤੈਅ ਕਰੇਗਾ ਸੁਪਰੀਮ ਕੋਰਟ।

18 nov,2026,ਨਵੀਂ ਦਿੱਲੀ : ਇਹ ਸਵਾਲ ਕਿ ਕੀ ਵਿਆਹ ਤੋਂ ਬਾਅਦ ਕਿਸੇ ਔਰਤ ਨਾਲ ਜ਼ਬਰਦਸਤੀ ਜਿਨਸੀ ਸੰਬੰਧ ਬਣਾਉਣਾ ਜਬਰ ਜਨਾਹ ਹੈ, ਕਈ ਵਾਰ ਉਠਾਇਆ ਗਿਆ ਹੈ। ਹਾਲਾਂਕਿ ਇਸਨੂੰ ਭਾਰਤੀ ਕਾਨੂੰਨ ਅਧੀਨ ਜਬਰ ਜਨਾਹ ਨਹੀਂ ਮੰਨਿਆ ਜਾਂਦਾ, ਪਰ ਇਹ ਮੌਜੂਦਾ ਜਬਰ ਜਨਾਹ ਕਾਨੂੰਨਾਂ ਦਾ ਇੱਕ ਅਪਵਾਦ ਬਣਿਆ ਹੋਇਆ ਹੈ।

LOCAL

ਫਗਵਾੜਾ ਦੇ ਹੁਸ਼ਿਆਰ ਰੋਡ 'ਤੇ ਲਾਵਾਰਿਸ ਪਸ਼ੂਆਂ ਦੀ ਭਰਮਾਰ ਬਣੀ ਚਿੰਤਾ ਦਾ ਵਿਸ਼ਾ।



ਫਗਵਾੜਾ ਦੇ ਹੁਸ਼ਿਆਰ ਰੋਡ 'ਤੇ ਲਾਵਾਰਿਸ ਪਸ਼ੂਆਂ ਦੀ ਭਰਮਾਰ ਬਣੀ ਚਿੰਤਾ ਦਾ ਵਿਸ਼ਾ।

ਫਗਵਾੜਾ ਦੇ ਹੁਸ਼ਿਆਰ ਰੋਡ 'ਤੇ ਲਾਵਾਰਿਸ ਪਸ਼ੂਆਂ ਦੀ ਭਰਮਾਰ ਬਣੀ ਚਿੰਤਾ ਦਾ ਵਿਸ਼ਾ।



ਫਗਵਾੜਾ ਦੇ ਹੁਸ਼ਿਆਰ ਰੋਡ 'ਤੇ ਲਾਵਾਰਿਸ ਪਸ਼ੂਆਂ ਦੀ ਭਰਮਾਰ ਬਣੀ ਚਿੰਤਾ ਦਾ ਵਿਸ਼ਾ।

18 nov,2026,ਜਿੱਥੇ ਫਗਵਾੜਾ ਸ਼ਹਿਰ ਅੰਦਰ ਅਤੇ ਨੈਸ਼ਨਲ ਹਾਈਵੇ ਤੇ ਜਗਾ ਜਗਾ ਆਵਾਰਾ ਪਸ਼ੂਆਂ ਦੀ ਗਿਣਤੀ ਲਗਾਤਾਰ ਵਧਦੀ ਨਜ਼ਰ ਆ ਰਹੀ ਹੈ ਉੱਥੇ ਫਗਵਾੜਾ ਦੇ ਹੁਸ਼ਿਆਰ ਰੋਡ 'ਤੇ ਅਵਾਰਾ ਪਸ਼ੂਆਂ ਦੀ ਲਗਾਤਾਰ ਵਧ ਰਹੀ ਗਿਣਤੀ ਕਾਰਨ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਸੜਕ 'ਤੇ ਅਵਾਰਾ ਪਸ਼ੂ ਝੁੰਡ ਬਣਾ ਕੇ ਘੁੰਮਦੇ ਅਤੇ ਕਈ ਵਾਰ ਸੜਕ ਦੇ ਵਿਚਕਾਰ ਹੀ ਬੈਠੇ ਦਿਖਾਈ ਦਿੰਦੇ ਹਨ, ਜਿਸ ਕਾਰਨ ਆਵਾਜਾਈ ਪ੍ਰਭਾਵਿਤ ਹੋਣ ਦੇ ਨਾਲ-ਨਾਲ ਹਾਦਸਿਆਂ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਸਥਿਤੀ ਇਹ ਹੈ ਕਿ ਇਸ ਰਸਤੇ ਤੋਂ ਲੰਘਣ ਵਾਲੇ ਦੋਪਹੀਆ ਵਾਹਨ ਚਾਲਕਾਂ ਅਤੇ ਕਾਰ ਸਵਾਰਾਂ ਨੂੰ ਹਰ ਸਮੇਂ ਸਾਵਧਾਨੀ ਵਰਤਣੀ ਪੈਂਦੀ ਹੈ। ਅਚਾਨਕ ਪਸ਼ੂਆਂ ਦੇ ਸੜਕ 'ਤੇ ਆ ਜਾਣ ਕਾਰਨ ਵਾਹਨ ਚਾਲਕ ਆਪਣਾ ਸੰਤੁਲਨ ਗੁਆ ਸਕਦੇ ਹਨ ਅਤੇ ਕੋਈ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਖਾਸ ਕਰਕੇ ਰਾਤ ਸਮੇਂ ਘੱਟ ਰੌਸ਼ਨੀ ਵਿੱਚ ਇਹ ਅਵਾਰਾ ਪਸ਼ੂ ਵਾਹਨ ਚਾਲਕਾਂ ਲਈ ਹੋਰ ਵੀ ਖਤਰਨਾਕ ਸਾਬਤ ਹੋ ਸਕਦੇ ਹਨ, ਜਿਸ ਬਾਬਤ ਅਸੀਂ ਪਹਿਲਾਂ ਵੀ ਕਈ ਵਾਰ ਪੰਜਾਬੀ ਜਾਗਰਣ ਵਿੱਚ ਖਬਰਾਂ ਪ੍ਰਕਾਸ਼ਿਤ ਕਰ ਚੁੱਕੇ ਹਾਂ ਪਰ ਸਬੰਧਤ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਜਾਪ ਰਿਹਾ ਹੈ,ਜਿਸਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕ ਰਹੀ ਤੇ ਉੱਧਰ ਦੂਸਰੇ ਪਾਸੇ ਇਹ ਬੇਸਹਾਰਾ ਅਤੇ ਆਵਾਰਾ ਪਸ਼ੂ ਲੋਕਾਂ ਦੀਆਂ ਕੀਮਤੀ ਜਾਨਾਂ ਦਾ ਖੌਅ ਬਣੀ ਬੈਠੇ ਹਨ।

— Shamsher Singh

INTERNATIONAL

Green card ਸਬੰਧੀ ਨਿਯਮ ਹੋਣਗੇ ਹੋਰ ਸਖ਼ਤ ! ਭਾਰਤੀ ਪੇਸ਼ੇਵਰਾਂ ਦੀ ਵਧੇਗੀ ਮੁਸ਼ਕਲ



Green card ਸਬੰਧੀ ਨਿਯਮ ਹੋਣਗੇ ਹੋਰ ਸਖ਼ਤ ! ਭਾਰਤੀ ਪੇਸ਼ੇਵਰਾਂ ਦੀ ਵਧੇਗੀ ਮੁਸ਼ਕਲ

Wednesday, Nov 18, 2026 ।

ਵਾਸ਼ਿੰਗਟਨ (ਭਾਸ਼ਾ): ਅਮਰੀਕਾ ਨੇ ਵਿਦੇਸ਼ੀ ਕਾਮਿਆਂ ਲਈ ਰੋਜ਼ਗਾਰ ਆਧਾਰਿਤ ਗ੍ਰੀਨ ਕਾਰਡ ਦੇ ਨਿਯਮਾਂ ਨੂੰ ਹੋਰ ਸਖ਼ਤ ਕਰਨ ਦੀ ਤਜਵੀਜ਼ ਰੱਖੀ ਹੈ। ਇਸ ਦਾ ਮਕਸਦ ਫਿਜ਼ੀਕਲ ਥੈਰੇਪਿਸਟਾਂ ਅਤੇ ਨਰਸਾਂ ਤੋਂ ਲੈ ਕੇ ਉੱਚ-ਕੁਸ਼ਲ ਪੇਸ਼ੇਵਰਾਂ ਦੀਆਂ ਨੌਕਰੀਆਂ ਲਈ ਅਮਰੀਕੀ ਨਾਗਰਿਕਾਂ ਨੂੰ ਭਰਤੀ ਵਿੱਚ ਪਹਿਲ ਦੇਣਾ ਯਕੀਨੀ ਬਣਾਉਣਾ ਹੈ। ਅਮਰੀਕੀ ਕਿਰਤ ਵਿਭਾਗ ਨੇ 'ਪ੍ਰੋਗਰਾਮ ਇਲੈਕਟ੍ਰੌਨਿਕ ਰਿਵਿਊ ਮੈਨੇਜਮੈਂਟ' (PERM) ਇਮੀਗ੍ਰੈਂਟ ਵੀਜ਼ਾ ਪ੍ਰਕਿਰਿਆ ਅਧੀਨ ਕਿਰਤ ਬਾਜ਼ਾਰ ਟੈਸਟ ਨੂੰ ਆਧੁਨਿਕ ਬਣਾਉਣ ਲਈ ਨਵੇਂ ਨਿਯਮ ਦੀ ਤਜਵੀਜ਼ ਪੇਸ਼ ਕੀਤੀ ਹੈ, ਜੋ ਕਿ 20 ਸਾਲਾਂ ਵਿੱਚ ਨਿਯਮਾਂ ਦਾ ਕੀਤਾ ਜਾਣ ਵਾਲਾ ਪਹਿਲਾ ਵੱਡਾ ਸੁਧਾਰ ਹੈ। ਇਸ ਫ਼ੈਸਲੇ ਨਾਲ ਭਾਰਤੀ ਪੇਸ਼ੇਵਰ ਅਤੇ ਨਰਸਾਂ ਸਭ ਤੋਂ ਵੱਧ ਪ੍ਰਭਾਵਿਤ ਹੋਣਗੀਆਂ।

ਤਜਵੀਜ਼ਸ਼ੁਦਾ ਬਦਲਾਅ ਅਧੀਨ ਰੁਜ਼ਗਾਰਦਾਤਿਆਂ ਨੂੰ ਵਿਦੇਸ਼ੀ ਕਾਮਿਆਂ ਦੀਆਂ ਲੋੜਾਂ ਅਨੁਸਾਰ ਨੌਕਰੀਆਂ ਦੇ ਮੌਕੇ ਤਿਆਰ ਕਰਨ ਤੋਂ ਰੋਕਿਆ ਜਾਵੇਗਾ। ਰੁਜ਼ਗਾਰਦਾਤਿਆਂ ਲਈ ਜ਼ਰੂਰੀ ਹੋਵੇਗਾ ਕਿ ਉਹ ਨੌਕਰੀਆਂ ਦੀ ਭਰਤੀ ਲਈ ਉਹੀ ਸਾਧਨ ਅਤੇ ਤਰੀਕੇ ਵਰਤਣ ਜੋ ਆਮ ਅਸਾਮੀਆਂ ਲਈ ਵਰਤੇ ਜਾਂਦੇ ਹਨ। ਦੀ ਥਾਂ ਕੰਪਨੀ ਦੀਆਂ ਵੈੱਬਸਾਈਟਾਂ, ਜੌਬ ਪੋਰਟਲਾਂ, ਸੋਸ਼ਲ ਮੀਡੀਆ ਪਲੇਟਫਾਰਮਾਂ, ਜੌਬ ਫੇਅਰਾਂ ਅਤੇ ਕੈਂਪਸ ਭਰਤੀ ਰਾਹੀਂ ਆਨਲਾਈਨ ਭਰਤੀ ਕਰਨ ਦਾ ਪ੍ਰਸਤਾਵ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਖਾਲੀ ਅਸਾਮੀਆਂ ਦੀ ਇਸ਼ਤਿਹਾਰਬਾਜ਼ੀ ਦੀ ਘੱਟੋ-ਘੱਟ ਮਿਆਦ ਨੂੰ ਮੌਜੂਦਾ 30 ਦਿਨਾਂ ਤੋਂ ਵਧਾ ਕੇ 90 ਕੈਲੰਡਰ ਦਿਨ ਕਰਨ ਦੀ ਤਜਵੀਜ਼ ਰੱਖੀ ਗਈ ਹੈ ਅਤੇ ਰੁਜ਼ਗਾਰਦਾਤਿਆਂ ਨੂੰ ਇਹ ਸਾਬਤ ਕਰਨਾ ਹੋਵੇਗਾ ਕਿ ਉਨ੍ਹਾਂ ਨੇ ਯੋਗ ਅਮਰੀਕੀ ਕਾਮਿਆਂ ਦੀ ਭਰਤੀ ਲਈ ਸੱਚੇ ਯਤਨ ਕੀਤੇ ਹਨ।

— Shamsher Singh

AUTOMOBILE

ਦਰਦਨਾਕ ਸੜਕ ਹਾਦਸਾ: 500 ਮੀਟਰ ਡੂੰਘੀ ਖੱਡ ''ਚ ਡਿੱਗੀ ਕਾਰ, 6 ਨੌਜਵਾਨਾਂ ਦੀ ਮੌਤ



ਦਰਦਨਾਕ ਸੜਕ ਹਾਦਸਾ: 500 ਮੀਟਰ ਡੂੰਘੀ ਖੱਡ "ਚ ਡਿੱਗੀ ਕਾਰ, 6 ਨੌਜਵਾਨਾਂ ਦੀ ਮੌਤ

Wednesday, Nov 18, 2026 - 07:56 PM।

ਮੰਡੀ : ਹਿਮਾਚਲ ਪ੍ਰਦੇਸ਼ ਦੇ ਮੰਡੀ ਜ਼ਿਲ੍ਹੇ ਵਿੱਚ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਛੇ ਨੌਜਵਾਨਾਂ ਦੀ ਦਰਦਨਾਕ ਮੌਤ ਹੋ ਗਈ। ਇਹ ਹਾਦਸਾ ਜੋਗਿੰਦਰਨਗਰ ਸਬ-ਡਿਵੀਜ਼ਨ ਦੇ ਲੜਭਡੋਲ ਇਲਾਕੇ ਵਿੱਚ ਉਸ ਸਮੇਂ ਵਾਪਰਿਆ, ਜਦੋਂ ਨੌਜਵਾਨਾਂ ਦੀ ਕਾਰ ਬੇਕਾਬੂ ਹੋ ਕੇ ਕਰੀਬ 500 ਮੀਟਰ ਡੂੰਘੀ ਖੱਡ ਵਿੱਚ ਜਾ ਡਿੱਗੀ।

ਤਹਿਸੀਲਦਾਰ ਮੁਕੁਲ ਸ਼ਰਮਾ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਹਾਦਸੇ ਵਿੱਚ ਜਾਨ ਗੁਆਉਣ ਵਾਲੇ ਸਾਰੇ ਨੌਜਵਾਨਾਂ ਦੀ ਉਮਰ 16 ਤੋਂ 22 ਸਾਲ ਦੇ ਵਿਚਕਾਰ ਦੱਸੀ ਜਾ ਰਹੀ ਹੈ। ਸਾਰੇ ਨੌਜਵਾਨ ਕਿਸੇ ਸਮਾਗਮ ਤੋਂ ਵਾਪਸ ਪਰਤ ਰਹੇ ਸਨ ਕਿ ਰਸਤੇ ਵਿੱਚ ਇਹ ਭਾਣਾ ਵਰਤ ਗਿਆ। ਦੱਸਿਆ ਜਾ ਰਿਹਾ ਹੈ ਕਿ ਇਹ ਨੌਜਵਾਨ ਮੰਗਲਵਾਰ ਤੋਂ ਹੀ ਲਾਪਤਾ ਸਨ ਅਤੇ ਪਰਿਵਾਰਕ ਮੈਂਬਰਾਂ ਦਾ ਉਨ੍ਹਾਂ ਨਾਲ ਕੋਈ ਸੰਪਰਕ ਨਹੀਂ ਹੋ ਪਾ ਰਿਹਾ ਸੀ।

ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪ੍ਰਸ਼ਾਸਨ ਅਤੇ ਪੁਲਸ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਰਾਹਤ ਤੇ ਬਚਾਅ ਕਾਰਜ ਸ਼ੁਰੂ ਕੀਤੇ ਗਏ। ਇਕੱਠੇ 6 ਨੌਜਵਾਨਾਂ ਦੀ ਮੌਤ ਦੀ ਖ਼ਬਰ ਨਾਲ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।

— Shamsher Singh

POLITICS

ਅਕਾਲੀ ਦਲ ਛੱਡਣ ਵਾਲੇ ਸੀਨੀਅਰ ਆਗੂ ਨੇ ਪਾਰਟੀ 'ਚ ਕੀਤੀ ਵਾਪਸੀ



ਅਕਾਲੀ ਦਲ ਛੱਡਣ ਵਾਲੇ ਸੀਨੀਅਰ ਆਗੂ ਨੇ ਪਾਰਟੀ 'ਚ ਕੀਤੀ ਵਾਪਸੀ

Wednesday, Nov 18, 2026।

ਮਾਨਸਾ : ਦੋ ਕੁ ਮਹੀਨੇ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੇ ਛੱਡ ਕੇ ਜਾਣ ਵਾਲੇ ਸੀਨੀਅਰ ਆਗੂ ਅਤੇ ਬੁਢਲਾਡਾ ਵਿਧਾਨ ਸਭਾ ਹਲਕੇ ਦੇ ਸਾਬਕਾ ਇੰਚਾਰਜ ਡਾ. ਨਿਸ਼ਾਨ ਸਿੰਘ ਹਾਕਮਵਾਲਾ ਨੇ ਅਕਾਲੀ ਦਲ ਵਿਚ ਵਾਪਸੀ ਕਰ ਲਈ ਹੈ। ਇਸ ਦੀ ਜਾਣਕਾਰੀ ਉਨ੍ਹਾਂ ਨੇ ਖੁਦ ਸੋਸ਼ਲ ਮੀਡੀਆ 'ਤੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ ਦਾ ਅਸਤੀਫ਼ਾ ਪ੍ਰਵਾਨ ਨਹੀਂ ਕੀਤਾ ਗਿਆ ਹੈ। ਦੱਸਣਯੋਗ ਹੈ ਕਿ ਦੋ ਮਹੀਨੇ ਪਹਿਲਾਂ ਹੀ ਨਿਸ਼ਾਨ ਸਿੰਘ ਨੇ ਹਾਕਮਨਾਵਾਲ ਨੇ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫ਼ਾ ਦੇ ਦਿੱਤਾ ਸੀ।

ਪਤਾ ਲੱਗਾ ਹੈ ਕਿ ਡਾ. ਨਿਸ਼ਾਨ ਸਿੰਘ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਚੰਡੀਗੜ੍ਹ ਸਥਿਤ ਆਪਣੀ ਰਿਹਾਇਸ਼ 'ਤੇ ਬੁਲਾਇਆ ਗਿਆ ਸੀ, ਜਿੱਥੇ ਪਾਰਟੀ ਪ੍ਰਧਾਨ ਨੇ ਉਨ੍ਹਾਂ ਨੂੰ ਹਲਕੇ ਵਿਚ ਮੁੜ ਸਰਗਰਮ ਹੋਣ ਦੇ ਨਿਰਦੇਸ਼ ਦਿੱਤੇ।

— Shamsher Singh

ਵੱਡੀ ਖ਼ਬਰ ; ਹੁਣ 24 ਘੰਟੇ ਖੁੱਲ੍ਹੀਆਂ ਰਹਿਣਗੀਆਂ ਦੁਕਾਨਾਂ ! ਗੋਆ ਸਰਕਾਰ ਨੇ ਕੀਤਾ ਐਲਾਨ



ਵੱਡੀ ਖ਼ਬਰ ; ਹੁਣ 24 ਘੰਟੇ ਖੁੱਲ੍ਹੀਆਂ ਰਹਿਣਗੀਆਂ ਦੁਕਾਨਾਂ ! ਗੋਆ ਸਰਕਾਰ ਨੇ ਕੀਤਾ ਐਲਾਨ

Wednesday, Nov 18, 2026 ।

ਨੈਸ਼ਨਲ ਡੈਸਕ- ਗੋਆ ਸਰਕਾਰ ਨੇ ਸੂਬੇ ਦੇ ਟੂਰਿਜ਼ਮ ਅਤੇ ਵਪਾਰ ਨੂੰ ਵੱਡਾ ਹੁਲਾਰਾ ਦਿੰਦਿਆਂ ਦੁਕਾਨਾਂ, ਸ਼ਾਪਿੰਗ ਕੰਪਲੈਕਸਾਂ ਅਤੇ ਮਾਲਾਂ ਨੂੰ 3 ਸਾਲਾਂ ਤੱਕ ਪੂਰਾ ਦਿਨ, ਭਾਵ 24 ਘੰਟੇ ਖੁੱਲ੍ਹੇ ਰੱਖਣ ਦੀ ਇਜਾਜ਼ਤ ਦੇ ਦਿੱਤੀ ਹੈ। ਇਹ ਫ਼ੈਸਲਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ, ਜਿਸ ਨਾਲ ਕਾਰੋਬਾਰੀ ਹੁਣ ਆਮ ਕੰਮਕਾਜੀ ਸਮੇਂ ਤੋਂ ਬਾਅਦ ਵੀ ਗਾਹਕਾਂ ਅਤੇ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸੈਲਾਨੀਆਂ ਨੂੰ ਸੇਵਾਵਾਂ ਦੇ ਸਕਣਗੇ।

ਸੂਬੇ ਦੇ ਕਿਰਤ ਵਿਭਾਗ ਵੱਲੋਂ ਮੰਗਲਵਾਰ ਨੂੰ 'ਗੋਆ ਦੁਕਾਨ ਅਤੇ ਅਦਾਰੇ ਐਕਟ, 2025' ਤਹਿਤ ਇਸ ਸਬੰਧੀ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਨੋਟੀਫਿਕੇਸ਼ਨ ਅਨੁਸਾਰ, ਇਹ ਛੋਟ ਅਗਲੇ ਤਿੰਨ ਸਾਲਾਂ ਤੱਕ ਲਾਗੂ ਰਹੇਗੀ, ਜਦੋਂ ਤੱਕ ਕਿ ਸਰਕਾਰ ਵੱਲੋਂ ਇਸ ਨੂੰ ਵਾਪਸ ਨਹੀਂ ਲਿਆ ਜਾਂਦਾ।

ਹਾਲਾਂਕਿ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ 24 ਘੰਟੇ ਦੁਕਾਨਾਂ ਤੇ ਮਾਲ ਖੋਲ੍ਹਣ ਦੀ ਇਹ ਮਨਜ਼ੂਰੀ ਸਬੰਧਤ ਕਾਨੂੰਨੀ ਪ੍ਰਬੰਧਾਂ ਅਤੇ ਮੁਲਾਜ਼ਮਾਂ ਦੀ ਸੁਰੱਖਿਆ ਤੇ ਕੰਮਕਾਜੀ ਸ਼ਰਤਾਂ ਦੀ ਪਾਲਣਾ ਕਰਨ ਦੀ ਸ਼ਰਤ 'ਤੇ ਦਿੱਤੀ ਗਈ ਹੈ। ਨੋਟੀਫਿਕੇਸ਼ਨ 'ਚ ਚਿਤਾਵਨੀ ਦਿੱਤੀ ਗਈ ਹੈ ਕਿ ਕਿਸੇ ਵੀ ਨਿਯਮ ਜਾਂ ਨਿਰਧਾਰਤ ਸ਼ਰਤ ਦੀ ਉਲੰਘਣਾ ਕਰਨ ਵਾਲੇ ਮਾਲਕਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ

— Shamsher Singh

AUTOMOBILE

ਪਠਾਨਕੋਟ-ਡਲਹੌਜ਼ੀ-ਚੰਬਾ ਹਾਈਵੇਅ ਤੋਂ ਡੂੰਘੀ ਖੱਡ 'ਚ ਡਿੱਗੀ ਜੀਪ, ਪਿਆ ਚੀਕ-ਚਿਹਾੜਾ



ਪਠਾਨਕੋਟ-ਡਲਹੌਜ਼ੀ-ਚੰਬਾ ਹਾਈਵੇਅ ਤੋਂ ਡੂੰਘੀ ਖੱਡ 'ਚ ਡਿੱਗੀ ਜੀਪ, ਪਿਆ ਚੀਕ-ਚਿਹਾੜਾ

Wednesday, Nov 18, 2026 ।


ਪਠਾਨਕੋਟ (need 24)- ਪਠਾਨਕੋਟ-ਡਲਹੌਜ਼ੀ-ਚੰਬਾ ਰਾਸ਼ਟਰੀ ਰਾਜਮਾਰਗ 'ਤੇ ਪਿੰਡ ਭੂਣ ਨੇੜੇ ਉਸ ਸਮੇਂ ਵੱਡਾ ਹਾਦਸਾ ਵਾਪਰ ਗਿਆ, ਜਦੋਂ ਸੜਕ ਕਿਨਾਰੇ ਖੜ੍ਹੀ ਇੱਕ ਬੋਲੈਰੋ ਜੀਪ ਹੈਂਡਬ੍ਰੇਕ ਸਹੀ ਢੰਗ ਨਾਲ ਨਾ ਲੱਗਣ ਕਾਰਨ ਅਚਾਨਕ ਹੇਠਾਂ ਵੱਲ ਖਿਸਕ ਕੇ ਡੂੰਘੀ ਖੱਡ ਵਿੱਚ ਜਾ ਡਿੱਗੀ। ਇਸ ਹਾਦਸੇ ਵਿੱਚ ਜੀਪ ਵਿੱਚ ਸਵਾਰ ਤਿੰਨ ਔਰਤਾਂ ਜ਼ਖਮੀ ਹੋ ਗਈਆਂ। ਸੂਚਨਾ ਮਿਲਣ 'ਤੇ ਸੜਕ ਸੁਰੱਖਿਆ ਬਲ (ਐਸਐਸਐਫ) ਦੀ ਟੀਮ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖਮੀ ਔਰਤਾਂ ਨੂੰ ਖੱਡ ਵਿੱਚੋਂ ਬਾਹਰ ਕੱਢ ਕੇ ਹਸਪਤਾਲ ਪਹੁੰਚਾਇਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੜਕ ਸੁਰੱਖਿਆ ਬਲ ਧਾਰ-ਕਟੋਰੀ ਬੰਗਲਾ ਦੇ ਨਾਈਟ ਸ਼ਿਫਟ ਅਫਸਰ ਏਐਸਆਈ ਜੋਗਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ। ਜਾਂਚ ਦੌਰਾਨ ਪਤਾ ਲੱਗਾ ਕਿ ਬੋਲੈਰੋ ਜੀਪ ਨੰਬਰ JK-08C-0090, ਜਿਸ ਨੂੰ ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਦੇ ਪਿੰਡ ਹੱਟਮਸਕਾ ਦਾ ਰਹਿਣ ਵਾਲਾ ਦੀਪਕ ਥਾਪਾ ਚਲਾ ਰਿਹਾ ਸੀ, ਪਠਾਨਕੋਟ ਤੋਂ ਬਸੋਹਲੀ ਵੱਲ ਜਾ ਰਹੀ ਸੀ।

ਹਾਦਸੇ ਦੀ ਸੂਚਨਾ ਮਿਲਦੇ ਹੀ ਏਐਸਆਈ ਜੋਗਿੰਦਰ ਸਿੰਘ ਆਪਣੀ ਟੀਮ ਦੇ ਮੈਂਬਰਾਂ ਕਾਂਸਟੇਬਲ ਵਿਕਾਸ ਮਹਿਰਾ ਅਤੇ ਕਾਂਸਟੇਬਲ ਮੁਨੀਸ਼ ਸਿੰਘ ਸਮੇਤ ਮੌਕੇ 'ਤੇ ਪਹੁੰਚੇ। ਟੀਮ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਤਿੰਨੇ ਜ਼ਖਮੀ ਔਰਤਾਂ ਨੂੰ ਖੱਡ ਵਿੱਚੋਂ ਬਾਹਰ ਕੱਢਿਆ ਅਤੇ ਮੁੱਢਲੀ ਸਹਾਇਤਾ ਲਈ ਕਮਿਊਨਿਟੀ ਹੈਲਥ ਸੈਂਟਰ ਬਧਾਨੀ ਵਿਖੇ ਦਾਖਲ ਕਰਵਾਇਆ। ਉਨ੍ਹਾਂ ਦੀ ਹਾਲਤ ਗੰਭੀਰ ਹੋਣ ਕਾਰਨ ਡਾਕਟਰਾਂ ਵੱਲੋਂ ਅਗਲੇ ਇਲਾਜ ਲਈ ਸਿਵਲ ਹਸਪਤਾਲ ਪਠਾਨਕੋਟ ਰੈਫਰ ਕਰ ਦਿੱਤਾ ਗਿਆ। ਜ਼ਖਮੀ ਔਰਤਾਂ ਦੀ ਪਛਾਣ ਸੁਨੀਤਾ ਦੇਵੀ, ਕਾਜਲ ਅਤੇ ਸ਼ਕਤੀ ਦੇਵੀ ਵਜੋਂ ਹੋਈ ਹੈ। ਤਿੰਨੇ ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਦੇ ਪਿੰਡ ਹੱਟਮਸਕਾ ਦੀਆਂ ਰਹਿਣ

WEATHER

ਪੰਜਾਬ ''ਚ ਠੰਡ ਦੀ ਦਸਤਕ, 8 ਡਿਗਰੀ ਤੋਂ ਹੇਠਾਂ ਡਿੱਗਿਆ ਪਾਰਾ, ਹੋ ਗਈ ਵੱਡੀ ਭਵਿੱਖਬਾਣੀ



ਪੰਜਾਬ ''ਚ ਠੰਡ ਦੀ ਦਸਤਕ, 8 ਡਿਗਰੀ ਤੋਂ ਹੇਠਾਂ ਡਿੱਗਿਆ ਪਾਰਾ, ਹੋ ਗਈ ਵੱਡੀ ਭਵਿੱਖਬਾਣੀ

Wednesday, Nov 18, 2026 ।

ਚੰਡੀਗੜ੍ਹ- ਪੰਜਾਬ ਦੇ ਕਈ ਇਲਾਕਿਆਂ 'ਚ ਠੰਡ ਨੇ ਦਸਤਕ ਦੇ ਦਿੱਤੀ ਹੈ। ਮੌਸਮ ਵਿਭਾਗ ਅਨੁਸਾਰ ਪਹਿਲੀ ਵਾਰ ਇਸ ਸੀਜ਼ਨ 'ਚ ਨਵੰਬਰ ਮਹੀਨੇ 'ਚ ਪਾਰਾ 8 ਡਿਗਰੀ ਸੈਲਸੀਅਸ ਤੋਂ ਹੇਠਾਂ ਆ ਗਿਆ ਹੈ। ਪਹਾੜਾਂ 'ਚ ਹੋਈ ਬਰਫ਼ਬਾਰੀ ਤੋਂ ਬਾਅਦ ਉੱਥੋਂ ਚੱਲਣ ਵਾਲੀਆਂ ਠੰਡੀਆਂ ਹਵਾਵਾਂ ਨੇ ਮੈਦਾਨੀ ਇਲਾਕਿਆਂ ਨੂੰ ਪ੍ਰਭਾਵਿਤ ਕਰਨਾ ਸ਼ੁਰੂ ਕਰ ਦਿੱਤਾ ਹੈ। ਸਵੇਰੇ ਤੇ ਰਾਤ ਵੇਲੇ ਠੰਡ ਵਧ ਗਈ ਹੈ, ਹਾਲਾਂਕਿ ਦਿਨ ਵੇਲੇ ਹਲਕੀ ਠੰਡ ਮਹਿਸੂਸ ਕੀਤੀ ਜਾ ਰਹੀ ਹੈ।

ਮੌਸਮ ਵਿਭਾਗ ਨੇ ਪੰਜਾਬ ਲਈ ਅਗਲੇ ਦਿਨਾਂ ਦੀ ਜ਼ਿਲ੍ਹਾਵਾਰ ਮੌਸਮ ਚੇਤਾਵਨੀ ਜਾਰੀ ਕਰ ਦਿੱਤੀ ਹੈ। 19 ਨਵੰਬਰ ਤੋਂ ਪੰਜਾਬ 'ਚ ਧੁੰਦ ਦਾ ਦੌਰ ਸ਼ੁਰੂ ਹੋ ਜਾਵੇਗਾ। ਇਸ ਦਿਨ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ 'ਚ ਕੁਝ ਥਾਵਾਂ 'ਤੇ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਹੈ, ਜਿਸ ਲਈ ਵਿਭਾਗ ਨੇ ਯੈਲੋ ਅਲਰਟ ਜਾਰੀ ਕੀਤਾ ਹੈ। 20 ਨਵੰਬਰ ਨੂੰ ਧੁੰਦ ਦਾ ਦਾਇਰਾ ਹੋਰ ਵਧ ਜਾਵੇਗਾ। ਇਸ ਦਿਨ ਉੱਤਰੀ ਜ਼ਿਲ੍ਹਿਆਂ ਦੇ ਨਾਲ-ਨਾਲ ਫਾਜ਼ਿਲਕਾ, ਮੁਕਤਸਰ, ਬਠਿੰਡਾ, ਮਾਨਸਾ ਅਤੇ ਐਸ.ਏ.ਐਸ. ਨਗਰ ਮੋਹਾਲੀ 'ਚ ਵੀ ਕੁਝ ਥਾਵਾਂ 'ਤੇ ਸੰਘਣੀ ਧੁੰਦ ਪੈ ਸਕਦੀ ਹੈ। ਉੱਥੇ ਹੀ 21 ਅਤੇ 22 ਨਵੰਬਰ ਨੂੰ ਵੀ ਇਹੀ ਸਥਿਤੀ ਬਣੀ ਰਹੇਗੀ, ਜਿਸ ਦੌਰਾਨ ਫਰੀਦਕੋਟ, ਫਾਜ਼ਿਲਕਾ, ਮੁਕਤਸਰ, ਬਠਿੰਡਾ, ਮਾਨਸਾ, ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪ

ਏਅਰਪੋਰਟ ਰੋਡ ਦੇ ਨਜ਼ਦੀਕ ਪੈਂਦੇ ਪਿੰਡ ਸ਼ਤਾਬਗੜ੍ਹ ਦੀ ਸੁਨਸਾਨ ਥਾਂ ਤੇ ਮੋਟਰਸਾਈਕਲ ਸਵਾਰਾਂ ਵੱਲੋਂ ਫੋਰਚੂਨਰ ਗੱਡੀ ਵਿੱਚ ਜਾ ਰਹੇ ਇੱਕ ਪਰਿਵਾਰ ਤੇ ਗੋਲੀਆਂ ਚਲਾਈਆਂ ਗਈਆਂ ਜਿਸ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਦੇਖਣ ਨੂੰ ਮਿਲਿਆ ਸੂਚਨਾ ਮਿਲਦੇ ਸੀ ਜ਼ਿਰਕਪੁਰ ਪੁਲਿਸ ਮੌਕੇ ਤੇ ਪਹੁੰਚੀ ਇਥੇ ਜਾਂਚ ਵਿੱਚ ਜੁਟੀ ਹੋਈ ਹੈ ਜੋ ਸ਼ੁਰੂਆਤੀ ਜਾਂਚ ਵਿੱਚ ਦੱਸਿਆ ਜਾ ਰਿਹਾ ਹੈ ਕਿ ਪੁਰਾਣੇ ਕਿਸੀ ਪ੍ਰਾਪਰਟੀ ਵਿਵਾਦ ਨੂੰ ਲੈ ਕੇ ਇਹ ਗੋਲੀਆਂ ਚਲਾਈਆਂ ਗਈਆਂ ਹਨ ਜਿਸ ਵਿੱਚ ਗੱਡੀ ਵਿੱਚ ਸਵਾਰ ਮਾਂ ਪੁੱਤ ਜੋ ਚੰਡੀਗੜ੍ਹ ਦੇ ਰਹਿਣ ਵਾਲੇ ਦੱਸੇ ਜਾ ਰਹੇ ਹਨ ਬਾਲ ਬਾਲ ਬਚ ਗਏ । ਮੌਕੇ ਤੇ ਪਹੁੰਚੀ ਪੁਲਿਸ ਵੱਲੋਂ ਗੋਲੀ ਚਲਣ ਦੇ ਇਸ ਮਾਮਲੇ ਵਿੱਚ ਬਰੀਕੀ ਨਾਲ ਹਰ ਇੱਕ ਐਂਗਲ ਨੂੰ ਤਫਦੀਸ਼ ਕਰ ਜਾਂਚ ਕੀਤੀ ਜਾ ਰਹੀ ਹੈ ।

— Gaurav Sharma

AUTOMOBILE

Toll ਪਾਰ ਕਰਦੇ ਹੀ ਆਵੇਗਾ SMS, ਕੀਤੀ ਇਹ ਗਲਤੀ ਤਾਂ ਲੱਗੇਗਾ ਦਾ 10 ਹਜ਼ਾਰ ਦਾ ਜੁਰਮਾਨਾ



Toll ਪਾਰ ਕਰਦੇ ਹੀ ਆਵੇਗਾ SMS, ਕੀਤੀ ਇਹ ਗਲਤੀ ਤਾਂ ਲੱਗੇਗਾ ਦਾ 10 ਹਜ਼ਾਰ ਦਾ ਜੁਰਮਾਨਾ

Wednesday, Nov 18, 2026।

ਬਿਜ਼ਨੈੱਸ ਡੈਸਕ : ਜੇਕਰ ਤੁਸੀਂ ਰਾਸ਼ਟਰੀ ਰਾਜਮਾਰਗਾਂ 'ਤੇ ਯਾਤਰਾ ਕਰਦੇ ਹੋ ਅਤੇ ਤੁਸੀਂ ਆਪਣੇ ਵਾਹਨ ਦਾ ਬੀਮਾ ਨਹੀਂ ਕਰਵਾਇਆ ਹੈ ਜਾਂ ਇਹ ਖਤਮ ਹੋ ਗਿਆ ਹੈ, ਤਾਂ ਤੁਹਾਨੂੰ ਸਾਵਧਾਨ ਰਹਿਣ ਦੀ ਲੋੜ ਹੈ। ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (NHAI) ਨੇ ਬਿਨਾਂ ਬੀਮੇ ਦੇ ਟੋਲ ਪਲਾਜ਼ਾ ਪਾਰ ਕਰਨ ਵਾਲੇ ਵਾਹਨਾਂ ਦੀ ਪਛਾਣ ਕਰਨ ਲਈ ਇੱਕ ਨਵਾਂ ਸਿਸਟਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਿਸਟਮ ਤਹਿਤ, ਬਿਨਾਂ ਬੀਮੇ ਵਾਲੀ ਗੱਡੀ ਦੀ ਤੁਰੰਤ ਪਛਾਣ ਕੀਤੀ ਜਾਵੇਗੀ ਅਤੇ ਭਾਰੀ ਜੁਰਮਾਨਾ ਲਗਾਇਆ ਜਾ ਸਕਦਾ ਹੈ।

ਸੜਕ ਸੁਰੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਬੀਮਾ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ, NHAI ਨੇ ਦਿੱਲੀ ਦੇ ਮੁੰਡਕਾ ਟੋਲ ਪਲਾਜ਼ਾ ਵਿਖੇ ਇੱਕ ਨਵਾਂ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ ਹੈ। ਇਹ ਉਨ੍ਹਾਂ ਵਾਹਨਾਂ ਦੀ ਪਛਾਣ ਕਰ ਰਿਹਾ ਹੈ ਜਿਨ੍ਹਾਂ ਦੇ ਥਰਡ ਪਾਰਟੀ ਬੀਮੇ ਦੀ ਮਿਆਦ ਖਤਮ ਹੋ ਗਈ ਹੈ।

ਕਿਵੇਂ ਕੰਮ ਕਰਦਾ ਹੈ ਨਵਾਂ ਆਟੋਮੇਟਿਡ ਸਿਸਟਮ? ਇਸ ਨਵੀਂ ਪ੍ਰਣਾਲੀ ਤਹਿਤ, NHAI ਦਾ ਆਟੋਮੇਟਿਡ ਸਿਸਟਮ ਤੁਰੰਤ ਵੈਧ ਬੀਮੇ ਤੋਂ ਬਿਨਾਂ ਟੋਲ ਪਲਾਜ਼ਾ ਪਾਰ ਕਰਨ ਵਾਲੇ ਵਾਹਨਾਂ ਦੀ ਪਛਾਣ ਕਰਦਾ ਹੈ। ਟੋਲ ਪਾਰ ਕਰਨ ਤੋਂ ਕੁਝ ਮਿੰਟ ਬਾਅਦ, ਵਾਹਨ ਮਾਲਕ ਦੇ ਰਜਿਸਟਰਡ ਮੋਬਾਈਲ ਨੰਬਰ 'ਤੇ ਇੱਕ SMS ਚੇਤਾਵਨੀ ਭੇਜੀ ਜਾਂਦੀ ਹੈ। ਇਹ ਸੁਨੇਹਾ ਵਾਹਨ ਮਾਲਕ ਨੂੰ ਆਪਣੀ ਬੀਮਾ ਪਾਲਿਸੀ ਨੂੰ ਤੁਰੰਤ ਰੀਨਿਊ ਕਰਨ ਦੀ ਸਲਾਹ ਦਿੰਦਾ ਹੈ ਅਤੇ ਉਨ੍ਹਾਂ ਨੂੰ ਮੋਟਰ ਵਾਹਨ ਐਕਟ ਦੇ ਤਹਿਤ ਲਗਾਏ ਗਏ ਭਾਰੀ ਜੁਰਮਾਨਿਆਂ ਬਾਰੇ ਚੇਤਾਵਨੀ ਦਿੰਦਾ ਹੈ।

ਮੋਟਰ ਵਾਹਨ ਐਕਟ ਅਨੁਸਾਰ, ਵੈਧ ਬੀਮੇ ਤੋਂ ਬਿਨਾਂ ਗੱਡੀ ਚਲਾਉਣਾ ਇੱਕ ਅਪਰਾਧਿਕ ਅਪਰਾਧ ਹੈ। ਪਹਿਲੀ ਵਾਰ ਅਪਰਾਧ ਕਰਨ ਵਾਲੇ ਨੂੰ 2,000 ਤੱਕ ਦਾ ਜੁਰਮਾਨਾ ਹੋ ਸਕਦਾ ਹੈ। ਦੂਜੀ ਵਾਰ ਦੋਸ਼ੀ ਠਹਿਰਾਏ ਜਾਣ 'ਤੇ ਜੁਰਮਾਨੇ ਨੂੰ 10,000 ਤੱਕ ਵਧਾਇਆ ਸਕਦਾ ਹੈ। ਇਸ ਤੋਂ ਇਲਾਵਾ, ਜੇਕਰ ਮਾਮਲਾ ਅਦਾਲਤ ਵਿੱਚ ਜਾਂਦਾ ਹੈ, ਤਾਂ ਉਨ੍ਹਾਂ ਨੂੰ ਕਾਨੂੰਨੀ ਕਾਰਵਾਈ ਅਤੇ ਵਾਹਨ ਜ਼ਬਤ ਕਰਨ ਵਰਗੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

— Shamsher Singh

POLITICS

ਡੇਰਾ ਸੱਚਖੰਡ ਬੱਲਾਂ ਤੋਂ ਭਾਜਪਾ ਨੇ 'ਸਮਰਸਤਾ ਸੰਕਲਪ ਯਾਤਰਾ' ਦੀ ਕੀਤੀ ਸ਼ੁਰੂਆਤ, ਪਹੁੰਚੇ ਨਿਤਿਨ ਨਬੀਨ



ਡੇਰਾ ਸੱਚਖੰਡ ਬੱਲਾਂ ਤੋਂ ਭਾਜਪਾ ਨੇ 'ਸਮਰਸਤਾ ਸੰਕਲਪ ਯਾਤਰਾ' ਦੀ ਕੀਤੀ ਸ਼ੁਰੂਆਤ, ਪਹੁੰਚੇ ਨਿਤਿਨ ਨਬੀਨ


ਡੈਸਕ)- ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੀਂ ਜਯੰਤੀ ਮੌਕੇ ਅੱਜ ਜਲੰਧਰ ਤੋਂ 'ਸਮਰਸਤਾ ਸੰਕਲਪ ਯਾਤਰਾ' ਦੀ ਸ਼ੁਰੂਆਤ ਕੀਤੀ ਗਈ। ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣ ਉਪਰੰਤ ਪਿੰਡ ਰਾਏਪੁਰ-ਰਸੂਲਪੁਰ ਸਥਿਤ ਰੱਖੇ ਗਏ ਸਮਾਗਮ ਦੌਰਾਨ ਇਸ ਯਾਤਰਾ ਨੂੰ ਨਿਤਿਨ ਨਬੀਨ ਨੇ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਆਪਣੇ ਸੰਬੋਧਨ ਦੌਰਾਨ ਨਿਤਿਨ ਨਬੀਨ ਨੇ ਕਿਹਾ ਕਿ ਇਸ ਯਾਤਰਾ ਨਾਲ ਗੁਰੂ ਜੀ ਦੇ ਵਿਚਾਰਾਂ ਨਾਲ ਜਨਤਾ ਨੂੰ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਮੇਰੇ ਲਈ ਬੇਹੱਦ ਖ਼ਾਸ ਹੈ। ਇਹ ਯਾਤਰਾ ਗੁਰੂ ਜੀ ਦੀ ਨਗਰੀ ਜਲੰਧਰ ਤੋਂ ਸ਼ੁਰੂ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਮੈਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਾਂ 'ਚ ਨਮਨ ਕਰਦਾ ਹਾਂ। ਉਨ੍ਹਾਂ ਕਿਹਾ ਕਿ ਸੰਤ ਨਿਰੰਜਨ ਦਾਸ ਜੀ ਦੀ ਪ੍ਰੇਰਣਾ ਸਦਕਾ ਅੱਜ ਇਹ 'ਸਮਰਸਤਾ ਸੰਕਲਪ ਯਾਤਰਾ' ਨਿਕਲਣ ਜਾ ਰਹੀ ਹੈ, ਜੋਕਿ ਵੱਖ-ਵੱਖ ਸੂਬਿਆਂ ਵਿਚੋਂ ਹੋ ਕੇ ਲੰਘੇਗੀ। ਉਨ੍ਹਾਂ ਕਿਹਾ ਕਿ ਗੁਰੂ ਦੀ ਇਸ ਨਗਰੀ ਤੋਂ ਸ਼ੁਰੂ ਹੋਣ ਵਾਲੀ ਇਹ ਯਾਤਰਾ ਹਰ ਖੇਤਰ ਨੂੰ ਜੋੜਨ ਵਿਚ ਕਾਮਯਾਬ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਗੁਰੂ ਪਰੰਪਰਾ ਰਹੀ ਹੈ, ਯਾਤਰਾ ਇਸੇ ਸੰਦੇਸ਼ ਨੂੰ ਲੈ ਕੇ ਦੂਜੇ ਸੂਬਿਆਂ ਵਿਚ ਵੀ ਜਾਵੇਗੀ। ਕੁੱਲ੍ਹ 2,402 ਕਿਲੋਮੀਟਰ ਦੀ ਦੂਰੀ ਤੈਅ ਕਰਨ ਤੋਂ ਬਾਅਦ' ਸਮਰਸਤਾ ਸੰਕਲਪ ਯਾਤਰਾ' 3 ਦਸੰਬਰ ਨੂੰ ਵਾਰਾਣਸੀ ਪਹੁੰਚੇਗੀ, ਜਿੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਯਾਤਰਾ ਦਾ ਸਵਾਗਤ ਕੀਤਾ ਜਾਵੇਗਾ। ਇਸ ਯਾਤਰਾ ਦੌਰਾਨ ਸ੍ਰੀ ਗੁਰੂ ਰਵਿਦਾਸ ਜੀ ਦੇ 'ਬੇਗਮਪੁਰਾ' ਅਤੇ ਸਮਾਜਿਕ ਸਮਾਨਤਾ ਦਾ ਸੰਦੇਸ਼ ਜਨ-ਜਨ ਤਕ ਪਹੁੰਚਾਇਆ ਜਾਵੇਗਾ

— Shamsher Singh

POLITICS

ਆਮ ਆਦਮੀ ਪਾਰਟੀ ਵੱਲੋਂ 22 ਉਮੀਦਵਾਰਾਂ ਦਾ ਐਲਾਨ


Aam Aadmi Party Punjab

Ref: AAP-PB/11-26/102 Date : 18-11-2026

Announcement

The Aam Aadmi Party hereby announces the following candidates for the upcoming Urban Local Body elections in Patiala and Rajpura Parsana, Punjab.

Sr. No.	Name of Urban Local Body	Ward Name	Category	Candidate Name
19	Municipal Corporation Patiala	Ward No - 15	Woman	Ajitinder Kaur
20	Municipal Corporation Patiala	Ward No - 57	Woman	Rupali Arora
21	Municipal Corporation Patiala	Ward No - 50	General	Sukhdev Singh
22	Municipal Council Rajpura Parsana	Ward No - 7	SC/Punjabi	Manpreet Kaur

Manish Sisodia
State In-Charge
Punjab

Aman Arora
State President
Punjab

Copy to:
1. Hon'ble National Convener, Aam Aadmi Party.
2. National Secretary, Aam Aadmi Party.
3. National Treasurer, Aam Aadmi Party.
4. State Unit Prabhari, Aam Aadmi Party Punjab.

www.aamaadmiparty.org | Email: info@aamaadmiparty.org | Facebook: AamAadmiParty - Punjab
Twitter: @AAPPunjab | Instagram: @aamaadmiparty.punjab | Youtube: Aam Aadmi Party Punjab

ਆਮ ਆਦਮੀ ਪਾਰਟੀ ਵੱਲੋਂ 22 ਉਮੀਦਵਾਰਾਂ ਦਾ ਐਲਾਨ

Wednesday, Nov 18, 2026 ।


ਪਟਿਆਲਾ (ssm) : ਪੰਜਾਬ ਵਿਚ ਹੋਣ ਵਾਲੀਆਂ ਮਿਉਂਸੀਪਲ ਕੌਂਸਲ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ 22 ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਪਾਰਟੀ ਨੇ ਹਲਕਾ ਬਾਘਾਪੁਰਾਣਾ, ਧਰਮਕੋਟ ਅਤੇ ਪਟਿਆਲਾ ਵਿਚ ਹੋਣ ਵਾਲੀਆਂ ਐੱਮ. ਸੀ. ਚੋਣਾਂ ਲਈ 30 ਉਮੀਦਵਾਰਾਂ ਦਾ ਐਲਾਨ ਕੀਤਾ ਸੀ। ਤਾਜ਼ਾ ਜਾਰੀ ਹੋਈ ਸੂਚੀ ਵਿਚ ਪਟਿਆਲਾ ਦੇ 21 ਜਦਕਿ ਬਾਘਾਪੁਰਾਣਆ ਲਈ 1 ਉਮੀਦਵਾਰ ਦਾ ਐਲਾਨ ਕੀਤਾ ਗਿਆ ਹੈ।

ਦੱਸਣਯੋਗ ਹੈ ਕਿ ਸ਼ੁੱਕਰਵਾਰ 13 ਨਵੰਬਰ 2026 ਤੋਂ ਨਾਮਜ਼ਦਗੀਆਂ ਦਾ ਭਰਨ ਦਾ ਦੌਰ ਜਾਰੀ ਹੋ ਗਿਆ ਹੈ ਜੋ ਕਿ 19 ਨਵੰਬਰ ਤੱਕ ਜਾਰੀ ਰਹੇਗਾ। ਇਸ ਤੋਂ ਅੱਗੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਸ਼ੁੱਕਰਵਾਰ, 20 ਨਵੰਬਰ ਸਵੇਰੇ ਨੂੰ ਹੋਵੇਗੀ। ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਮਿਤੀ 21 ਨਵੰਬਰ ਦੁਪਹਿਰ 3:00 ਵਜੇ ਤੱਕ ਹੋਵੇਗੀ। ਵੋਟਾਂ ਪੈਣ ਦੀ ਮਿਤੀ ਸ਼ਨੀਵਾਰ, 28 ਨਵੰਬਰ ਸਵੇਰੇ 8:00 ਵਜੇ ਤੋਂ ਸ਼ਾਮ 4:00 ਵਜੇ ਤੱਕ ਹੋਵੇਗੀ। ਵੋਟਾਂ ਦੀ ਗਿਣਤੀ ਸਬੰਧੀ ਹਦਾਇਤਾਂ ਬਾਅਦ ਵਿਚ ਜਾਰੀ ਕੀਤੀਆਂ ਜਾਣਗੀਆਂ।

— Shamsher Singh

LOCAL

ਹੁਸ਼ਿਆਰਪੁਰ ਕੇਂਦਰੀ ਜੇਲ੍ਹ ਵਿੱਚ ਗੜ੍ਹਸ਼ੰਕਰ ਦੀ ਮੌਤ: ਪਰਿਵਾਰ ਨੇ ਹੰਗਾਮਾ ਕਰਕੇ ਇਨਸਾਫ਼ ਦੀ ਮੰਗ



ਹੁਸ਼ਿਆਰਪੁਰ ਦੀ ਕੇਂਦਰੀ ਜੇਲ੍ਹ ਵਿੱਚ ਨੌਜਵਾਨ ਗੜ੍ਹਸ਼ੰਕਰ ਦੀ ਮੌਤ ਹੋਈ।

ਉਸਦੇ ਪਰਿਵਾਰ ਨੇ ਜੇਲ੍ਹ ਦੇ ਬਾਹਰ ਹੰਗਾਮਾ ਕੀਤਾ, ਜਿਸ ਨਾਲ ਸੜਕਾਂ 'ਤੇ ਜਾਮ ਹੋ ਗਿਆ।

ਪਰਿਵਾਰ ਨੇ ਇਨਸਾਫ਼ ਦੀ ਮੰਗ ਕੀਤੀ।

— Amandeep Singh

ਹੁਸ਼ਿਆਰਪੁਰ ਦੀ ਕੇਂਦਰੀ ਜੇਲ੍ਹ ਵਿੱਚ ਗੜ੍ਹਸ਼ੰਕਰ ਦੀ ਮੌਤ, ਪਰਿਵਾਰ ਨੇ ਇਨਸਾਫ਼ ਦੀ ਮੰਗ ਕਰਦੇ ਹੋਏ ਹੰਗਾਮਾ ਕੀਤਾ



ਹੁਸ਼ਿਆਰਪੁਰ ਦੀ ਕੇਂਦਰੀ ਜੇਲ੍ਹ ਵਿੱਚ ਗੜ੍ਹਸ਼ੰਕਰ ਨਾਮਕ ਨੌਜਵਾਨ ਦੀ ਮੌਤ ਹੋਈ, ਜਿਸ ਨੇ ਸਥਾਨਕ ਲੋਕਾਂ ਦੀ ਧਿਆਨ ਖਿੱਚਿਆ।

ਉਸਦੇ ਪਰਿਵਾਰ ਨੇ ਤੁਰੰਤ ਹੀ ਇਨਸਾਫ਼ ਦੀ ਮੰਗ ਕਰਦੇ ਹੋਏ ਹੰਗਾਮਾ ਕੀਤਾ, ਜਿਹੜਾ ਕਿ ਜੇਲ੍ਹ ਦੀਆਂ ਕਾਰਵਾਈਆਂ ਉੱਤੇ ਸਵਾਲ ਉਠਾਉਂਦਾ ਹੈ।

ਪਰਿਵਾਰ ਦੀਆਂ ਮੰਗਾਂ ਦੇ ਪ੍ਰਤੀਕਰਮ ਵਜੋਂ, ਉਹਨਾਂ ਨੇ ਹੁਸ਼ਿਆਰਪੁਰ ਦੇ ਮੁੱਖ ਰਸਤੇ ਨੂੰ ਜਾਮ ਕਰ ਦਿੱਤਾ, ਜਿਸ ਕਾਰਨ ਸ਼ਹਿਰ ਵਿੱਚ ਟ੍ਰੈਫਿਕ ਦੀ ਗੰਭੀਰ ਰੁਕਾਵਟ ਪੈ ਗਈ।

— Amandeep Singh

ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ. ਨੇ ਖੁਦ ਕੀਤੀ ਜਨਗਣਨਾ-2027 ਦੀ ਸਵੈ-ਗਣਨਾ



ਜ਼ਿਲ੍ਹਾ ਵਾਸੀ 30 ਨਵੰਬਰ ਤੱਕ ਪੋਰਟਲ ਜਾਂ ਬਾਰ ਕੋਡ ਰਾਹੀਂ ਘਰ ਬੈਠੇ ਕਰ ਸਕਦੇ ਹਨ ਸਵੈ-ਗਣਨਾ; ਵਿਭਾਗ ਮੁਖੀਆਂ ਨੂੰ ਸਟਾਫ਼ ਦੀ ਭਾਗੀਦਾਰੀ ਯਕੀਨੀ ਬਣਾਉਣ ਦੇ ਆਦੇਸ਼

ਬਠਿੰਡਾ, 18 ਨਵੰਬਰ (ਜੀਵਨ ਬਾਂਸਲ): ਜਨਗਣਨਾ-2027 ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਸਵੈ-ਗਣਨਾ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਪ੍ਰਮੁੱਖ ਜਨਗਣਨਾ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਅਤੇ ਐੱਸ.ਐੱਸ.ਪੀ. ਬਠਿੰਡਾ ਸ੍ਰੀ ਸੁਹੇਲ ਕਾਸਿਮ ਮੀਰ ਨੇ ਖੁਦ ਸਰਕਾਰੀ ਪੋਰਟਲ se.census.gov.in 'ਤੇ ਆਪਣੀ ਸਵੈ-ਗਣਨਾ ਕਰਕੇ ਲੋਕਾਂ ਨੂੰ ਇਸ ਮਹਿਮ ਵਿੱਚ ਭਾਗ ਲੈਣ ਦਾ ਸੰਦੇਸ਼ ਦਿੱਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ. ਨੇ ਦੱਸਿਆ ਕਿ ਸਵੈ-ਗਣਨਾ ਇੱਕ ਆਸਾਨ ਪ੍ਰਕਿਰਿਆ ਹੈ, ਜਿਸ ਰਾਹੀਂ ਕੋਈ ਵੀ ਨਾਗਰਿਕ ਆਪਣੇ ਅਤੇ ਆਪਣੇ ਪਰਿਵਾਰ ਨਾਲ ਸਬੰਧਤ ਵੇਰਵੇ ਅਧਿਕਾਰਤ ਪੋਰਟਲ 'ਤੇ ਘਰ ਬੈਠੇ ਦਰਜ ਕਰ ਸਕਦਾ ਹੈ। ਇਸ ਨਾਲ ਲੋਕਾਂ ਨੂੰ ਆਪਣੀ ਸਹੂਲਤ ਅਨੁਸਾਰ ਜਾਣਕਾਰੀ ਭਰਨ ਦਾ ਮੌਕਾ ਮਿਲਦਾ ਹੈ।

ਉਨ੍ਹਾਂ ਦੱਸਿਆ ਕਿ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ 30 ਨਵੰਬਰ 2026 ਤੱਕ ਜਾਰੀ ਰਹੇਗੀ। ਇਸ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਗਣਨਾਕਾਰ ਘਰ-ਘਰ ਜਾ ਕੇ ਜਨਗਣਨਾ ਸਬੰਧੀ ਵੇਰਵਿਆਂ ਦੀ ਤਸਦੀਕ ਕਰਨਗੇ। ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਆਪਣੇ ਦਫ਼ਤਰਾਂ ਵਿੱਚ ਤਾਇਨਾਤ ਸਟਾਫ਼ ਦੀ ਸਵੈ-ਗਣਨਾ ਯਕੀਨੀ ਬਣਾਉਣ ਅਤੇ ਇਸ ਸਬੰਧੀ ਸਰਟੀਫਿਕੇਟ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਇੰਝ ਕਰ ਸਕਦੇ ਹੋ ਸਵੈ-ਗਣਨਾ

ਨਾਗਰਿਕ ਅਧਿਕਾਰਤ ਵੈੱਬਸਾਈਟ https://se.census.gov.in 'ਤੇ ਜਾ ਕੇ ਸਵੈ-ਗਣਨਾ ਦਾ ਵਿਕਲਪ ਚੁਣਨ ਅਤੇ ਸੂਬੇ ਵਜੋਂ ਪੰਜਾਬ ਦੀ ਚੋਣ ਕਰਨ। ਇਸ ਤੋਂ ਬਾਅਦ ਪਰਿਵਾਰ ਦੇ ਮੁਖੀ ਦਾ ਨਾਮ, ਇੱਕ ਮੈਂਬਰ ਦਾ ਮੋਬਾਈਲ ਨੰਬਰ ਅਤੇ ਇੱਛਾ ਅਨੁਸਾਰ ਈ-ਮੇਲ ਦਰਜ ਕਰਕੇ ਓਟੀਪੀ ਰਾਹੀਂ ਮੋਬਾਈਲ ਨੰਬਰ ਦੀ ਤਸਦੀਕ ਕਰਨੀ ਹੋਵੇਗੀ। ਅਗਲੇ ਪੜਾਅ ਵਿੱਚ ਜ਼ਿਲ੍ਹੇ ਅਤੇ ਇਲਾਕੇ ਦੀ ਜਾਣਕਾਰੀ, ਨਕਸ਼ੇ 'ਤੇ ਘਰ ਦੀ ਸਥਿਤੀ ਅਤੇ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਵੇਰਵੇ ਦਰਜ ਕਰਨੇ ਹੋਣਗੇ।

ਫਾਰਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਸਾਰੇ ਵੇਰਵਿਆਂ ਦੀ ਜਾਂਚ ਕਰਨੀ ਜ਼ਰੂਰੀ ਹੈ। ਫਾਰਮ ਜਮ੍ਹਾਂ ਹੋਣ ਉਪਰੰਤ ਮਿਲਣ ਵਾਲੀ ਸਵੈ-ਗਣਨਾ ਪਛਾਣ ਸੰਖਿਆ (SE ID) ਸੰਭਾਲ ਕੇ ਰੱਖਣੀ ਹੋਵੇਗੀ। ਨਾਗਰਿਕ ਅਧਿਕਾਰਤ ਪੋਰਟਲ ਤੋਂ ਇਲਾਵਾ ਬਾਰ ਕੋਡ ਰਾਹੀਂ ਵੀ ਸਵੈ-ਗਣਨਾ ਦੀ ਪ੍ਰਕਿਰਿਆ ਤੱਕ ਪਹੁੰਚ ਕਰ ਸਕਦੇ ਹਨ।

ਗਣਨਾਕਾਰ ਘਰ-ਘਰ ਜਾ ਕੇ ਕਰਨਗੇ ਤਸਦੀਕ

ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਗਣਨਾਕਾਰ ਘਰ-ਘਰ ਜਾ ਕੇ ਦਰਜ ਕੀਤੀ ਜਾਣਕਾਰੀ ਦੀ ਤਸਦੀਕ ਕਰਨਗੇ। ਇਸ ਦੌਰਾਨ ਨਾਗਰਿਕਾਂ ਨੂੰ ਆਪਣੀ SE ID ਗਣਨਾਕਾਰ ਨੂੰ ਦਿਖਾਉਣੀ ਹੋਵੇਗੀ। ਜੇਕਰ ਕੋਈ ਜਾਣਕਾਰੀ ਰਹਿ ਗਈ ਹੋਵੇ ਜਾਂ ਹੋਰ ਤਸਦੀਕ ਦੀ ਲੋੜ ਹੋਵੇ ਤਾਂ ਗਣਨਾਕਾਰ ਨੂੰ ਪੂਰਾ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਗਈ।

ਇਸ ਮੌਕੇ ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤਾ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸ. ਜਤਿੰਦਰ ਸਿੰਘ ਭੱਲਾ, ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਪੂਨਮ ਸਿੰਘ, ਨਗਰ ਨਿਗਮ ਕਮਿਸ਼ਨਰ ਮੈਡਮ ਲਵਜੀਤ ਕਲਸੀ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਸ. ਅਮਨਦੀਪ ਸਿੰਘ ਮਾਵੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

— Jiwan kumar, Bathinda

ਜੱਸੀ ਬਾਗ ਵਾਲੀ ਦਾ ਕਿਸਾਨ 50 ਏਕੜ ਵਿੱਚ ਬਿਨਾਂ ਅੱਗ ਲਗਾਏ ਸੰਭਾਲ ਰਿਹਾ ਹੈ ਝੋਨੇ ਦੀ ਪਰਾਲੀ


CRM
ਹੈਪੀ ਸੀਡਰ ਨਾਲ ਕਣਕ ਬਿਜਾਈ ਦੀ ਪ੍ਰਦਰਸ਼ਨੀ
Demonstration on

ਮਨੀਲਾ ਦੌਰਾ : PM ਮੋਦੀ ਨੇ ਵਿਸ਼ਵ ਨੇਤਾਵਾਂ ਨੂੰ ਭੇਟ ਕੀਤੇ ਭਾਰਤੀ ਹਸਤਕਲਾ ਦੇ ਨਾਯਾਬ ਤੋਹਫ਼ੇ



ਮਨੀਲਾ ਦੌਰਾ : PM ਮੋਦੀ ਨੇ ਵਿਸ਼ਵ ਨੇਤਾਵਾਂ ਨੂੰ ਭੇਟ ਕੀਤੇ ਭਾਰਤੀ ਹਸਤਕਲਾ ਦੇ ਨਾਯਾਬ ਤੋਹਫ਼ੇ

ਨਵੀਂ ਦਿੱਲੀ / ਮਨੀਲਾ (ਏਐਨਆਈ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫਿਲੀਪੀਨਜ਼ ਦੀ ਰਾਜਧਾਨੀ ਮਨੀਲਾ ਦਾ ਆਪਣਾ ਦੋ ਦਿਨਾਂ ਦੌਰਾ ਸਫ਼ਲਤਾਪੂਰਵਕ ਪੂਰਾ ਕਰਨ ਤੋਂ ਬਾਅਦ ਨਵੀਂ ਦਿੱਲੀ ਵਾਪਸ ਪਰਤ ਆਏ ਹਨ। ਆਪਣੇ ਇਸ ਦੌਰੇ ਦੌਰਾਨ ਪ੍ਰਧਾਨ ਮੰਤਰੀ ਨੇ 23ਵੇਂ ਏਸ਼ੀਆਨ-ਭਾਰਤ ਸ਼ਿਖਰ ਸੰਮੇਲਨ , 21ਵੇਂ ਈਸਟ ਏਸ਼ੀਆ ਸ਼ਿਖਰ ਸੰਮੇਲਨ ਅਤੇ ਕਵਾਡ ਨੇਤਾਵਾਂ ਦੀ ਮਹੱਤਵਪੂਰਨ ਬੈਠਕ ਵਿੱਚ ਹਿੱਸਾ ਲਿਆ। ਮਨੀਲਾ ਠਹਿਰਾਅ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਇਤਿਹਾਸਕ ਗੁਰਦੁਆਰਾ ਖ਼ਾਲਸਾ ਦੀਵਾਨ ਦੇ ਦਰਸ਼ਨ ਕੀਤੇ ਅਤੇ ਇਸ ਦੇ ਪੁਨਰ-ਵਿਕਾਸ ਕਾਰਜਾਂ ਦੀ ਸ਼ੁਰੂਆਤ ਸਬੰਧੀ ਆਯੋਜਿਤ ਸਮਾਰੋਹ ਵਿੱਚ ਵੀ ਸ਼ਿਰਕਤ ਕੀਤੀ।

ਅਮੀਰ ਸੱਭਿਆਚਾਰਕ ਅਤੇ ਕਲਾਤਮਕ ਵਿਰਾਸਤ ਨੂੰ ਵਿਸ਼ਵ ਪੱਧਰ 'ਤੇ ਪ੍ਰਦਰਸ਼ਿਤ ਕਰਦਿਆਂ ਵੱਖ-ਵੱਖ ਦੇਸ਼ਾਂ ਦੇ ਨੇਤਾਵਾਂ ਨੂੰ ਭਾਰਤ ਦੇ ਵੱਖ-ਵੱਖ ਰਾਜਾਂ ਦੇ ਪ੍ਰਸਿੱਧ ਹਸਤਸ਼ਿਲਪ ਅਤੇ ਨਾਯਾਬ ਕਲਾਕ੍ਰਿਤੀਆਂ ਤੋਹਫ਼ੇ ਵਜੋਂ ਭੇਟ ਕੀਤੀਆਂ-

ਫਿਲੀਪੀਨਜ਼ ਦੇ ਰਾਸ਼ਟਰਪਤੀ ਤੇ ਪਹਿਲੀ ਮਹਿਲਾ: ਪ੍ਰਧਾਨ ਮੰਤਰੀ ਨੇ ਮੇਜ਼ਬਾਨ ਦੇਸ਼ ਫਿਲੀਪੀਨਜ਼ ਦੇ ਰਾਸ਼ਟਰਪਤੀ ਫਰਡੀਨੈਂਡ ਆਰ ਮਾਰਕੋਸ ਜੂਨੀਅਰ ਨੂੰ ਕਸ਼ਮੀਰ ਦਾ ਪ੍ਰਸਿੱਧ 'ਕਸ਼ਮੀਰੀ ਸਿਲਕ ਕਾਲੀਨ' ਦਿੱਤਾ, ਜੋ ਕਿ ਹੱਥ ਨਾਲ ਤਿਆਰ ਕੀਤੀ ਗਈ ਇੱਕ ਨਾਯਾਬ ਕਲਾਕ੍ਰਿਤੀ ਹੈ।

— **Shamsher Singh**